# 50 ਗ੍ਰਾਮ ਚਿੱਟੇ ਸਮੇਤ ਇਕ ਗ੍ਰਿਫ਼ਤਾਰ



ਨੂਰਪੁਰਬੇਦੀ, 2 ਜਨਵਰੀ (ਭੰਡਾਰੀ)- ਗੈਰ ਸਮਾਜਿਕ ਕਾਰਜਾਂ 'ਚ ਸ਼ਾਮਲ ਵਿਅਕਤੀਆਂ ਨੂੰ ਦਬੋਚਣ ਲਈ ਆਰੰਭੀ ਕਾਰਵਾਈ ਅਧੀਨ ਸਥਾਨਕ ਪੁਲਸ ਪਾਰਟੀ ਨੇ ਦੇਰ ਰਾਤ ਗਸ਼ਤ ਦੌਰਾਨ ਚੈਕਿੰਗ ਕਰਦੇ ਸਮੇਂ ਇਕ ਮੋਟਰਸਾਈਕਲ ਸਵਾਰ ਵਿਅਕਤੀ ਨੂੰ ਚਿੱਟੇ ਸਮੇਤ ਗ੍ਰਿਫ਼ਤਾਰ ਕੀਤਾ ਹੈ। ਨੂਰਪੁਰਬੇਦੀ ਪੁਲਸ ਵੱਲੋਂ ਦਰਜ ਕੀਤੇ ਗਏ ਮਾਮਲੇ ਅਨੁਸਾਰ ਜਦੋਂ ਏ ਐੱਸ.ਆਈ. ਮੇਹਰ ਸਿੰਘ ਸਮੇਤ ਪੁਲਸ ਪਾਰਟੀ ਰਾਤ ਕਰੀਬ 11 ਕੁ ਵਜੇ ਟੀ-ਪੁਆਇੰਟ ਅਸਮਾਨਪੁਰ ਵਿਖੇ ਗਸ਼ਤ ਦੌਰਾਨ ਮੌਜੂਦ ਸਨ ਤਾਂ ਮੁਖਬਰ ਖਾਸ ਨੇ ਪੁਲਸ ਨੂੰ ਇਤਲਾਹ ਦਿੱਤੀ ਕਿ ਇਕ ਵਿਅਕਤੀ ਜੋ ਚਿੱਟਾ ਵੇਚਣ ਦਾ ਧੰਦਾ ਕਰਦਾ ਹੈ ਅੱਜ ਵੀ ਕੋਲਾਪੁਰ ਤੋਂ ਅਸਮਾਨਪੁਰ ਦੀ ਤਰਫ ਨਸ਼ੀਲਾ ਪਦਾਰਥ ਵੇਚਣ ਲਈ ਆ ਰਿਹਾ ਹੈ।

ਪੁਲਸ ਪਾਰਟੀ ਨੇ ਉਕਤ ਸੂਚਨਾ ਦੇ ਆਧਾਰ 'ਤੇ ਮੋਟਰਸਾਈਕਲ 'ਤੇ ਆ ਰਹੇ ਉਕਤ ਵਿਅਕਤੀ ਜਿਸਦੀ ਪਛਾਣ ਪਰਗਟ ਸਿੰਘ ਉਰਫ ਬੰਟੀ ਪੁੱਤਰ ਬਲਬੀਰ ਸਿੰਘ ਨਿਵਾਸੀ ਪਿੰਡ ਕੌਲਾਪੁਰ ਥਾਣਾ ਨੂਰਪੁਰਬੇਦੀ ਵਜੋਂ ਹੋਈ ਹੈ ਦੀ ਜਦੋਂ ਟੀ-ਪੁਆਇੰਟ ਪਿੰਡ ਕੌਲਾਪੁਰ-ਅਸਮਾਨਪੁਰ ਵਿਖੇ ਰੋਕ ਕੇ ਤਲਾਸ਼ੀ ਲਈ ਤਾਂ ਉਸ ਪਾਸੋਂ 50 ਗ੍ਰਾਮ ਚਿੱਟਾ ਬਰਾਮਦ ਹੋਇਆ। ਏ.ਐੱਸ. ਆਈ. ਰਾਜਿੰਦਰ ਕੁਮਾਰ ਨੇ ਦੱਸਿਆ ਕਿ ਕਥਿਤ ਦੋਸ਼ੀ ਨੂੰ ਗ੍ਰਿਫ਼ਤਾਰ ਕਰਕੇ ਉਸ ਖਿਲਾਫ਼ ਐੱਨ.ਡੀ.ਪੀ ਐੱਸ. ਐਕਟ ਤਹਿਤ ਮਾਮਲਾ ਦਰਜ ਕਰ ਲਿਆ ਹੈ ਜਿਸਨੂੰ ਬਾਅਦ ਦੁਪਹਿਰ ਸ੍ਰੀ ਅਨੰਦਪੁਰ ਸਾਹਿਬ ਦੀ ਅਦਾਲਤ 'ਚ ਪੇਸ਼ ਕੀਤਾ ਜਾਵੇਗਾ।